ਸਾਰਗ ਮਹਲਾ ੫ ॥ ਅਬ ਮੋਰੋ ਸਹਸਾ ਦੂਖੁ ਗਇਆ ॥ ਅਉਰ ਉਪਾਵ ਸਗਲ ਤਿਆਗਿ ਛੋਡੇ ਸਤਿਗੁਰ ਸਰਣਿ ਪਇਆ ॥੧॥ ਰਹਾਉ ॥ ਸਰਬ ਸਿਧਿ ਕਾਰਜ ਸਭਿ ਸਵਰੇ ਅਹੰ ਰੋਗ ਸਗਲ ਹੀ ਖਇਆ ॥ ਕੋਟਿ ਪਰਾਧ ਖਿਨ ਮਹਿ ਖਉ ਭਈ ਹੈ ਗੁਰ ਮਿਲਿ ਹਰਿ ਹਰਿ ਕਹਿਆ ॥੧॥ ਪੰਚ ਦਾਸ ਗੁਰਿ ਵਸਗਤਿ ਕੀਨੇ ਮਨ ਨਿਹਚਲ ਨਿਰਭਇਆ ॥ ਆਇ ਨ ਜਾਵੈ ਨ ਕਤ ਹੀ ਡੋਲੈ ਥਿਰੁ ਨਾਨਕ ਰਾਜਇਆ ॥੨॥੨੪॥੪੭॥ {ਪੰਨਾ 1213}

ਪਦਅਰਥ:- ਮੋਰੋ—ਮੇਰਾ। ਸਹਸਾ—ਸਹਿਮ। ਉਪਾਵ—{ਲਫ਼ਜ਼ 'ਉਪਾਉ' ਤੋਂ ਬਹੁ-ਵਚਨ} ਹੀਲੇ।1। ਰਹਾਉ।

ਕੋਟਿ—ਕ੍ਰੋੜਾਂ। ਪਰਾਧ—ਅਪਰਾਧ। ਖਉ—ਨਾਸ। ਭਈ ਹੈ—ਹੋ ਜਾਂਦਾ ਹੈ। ਸਿਧਿ—ਸਿੱਧੀਆਂ। ਅਹੰ—ਹਉਮੈ। ਖਇਆ—ਨਾਸ ਹੋ ਗਿਆ।1।

ਪੰਚ—(ਕਾਮਾਦਿਕ) ਪੰਜੇ। ਗੁਰਿ—ਗੁਰੂ ਨੇ। ਵਸਗਤਿ—ਵੱਸ ਵਿਚ। ਨਿਹਚਲ—ਅਡੋਲ। ਕਤ ਹੀ—ਕਿਤੇ ਭੀ। ਆਇ ਨ ਜਾਵੈ—ਨਾਹ ਆਉਂਦਾ ਹੈ ਨਾਹ ਜਾਂਦਾ ਹੈ, ਦੌੜ-ਭੱਜ ਨਹੀਂ ਕਰਦਾ। ਥਿਰੁ—ਸਦਾ ਕਾਇਮ ਰਹਿਣ ਵਾਲਾ।2।

ਅਰਥ:- ਹੇ ਭਾਈ! (ਜਦੋਂ ਦਾ) ਮੈਂ ਗੁਰੂ ਦੀ ਸਰਨ ਪਿਆ ਹਾਂ, (ਮੈਂ ਮਨ ਨੂੰ ਕਾਬੂ ਕਰਨ ਦੇ) ਹੋਰ ਸਾਰੇ ਹੀਲੇ ਛੱਡ ਦਿੱਤੇ ਹਨ। (ਗੁਰ ਸਰਨ ਦੀ ਬਰਕਤਿ ਨਾਲ) ਹੁਣ ਮੇਰਾ ਹਰੇਕ ਸਹਿਮ ਹਰੇਕ ਦੁੱਖ ਦੂਰ ਹੋ ਗਿਆ ਹੈ।1। ਰਹਾਉ।

ਹੇ ਭਾਈ! ਜਦੋਂ ਤੋਂ ਮੈਂ ਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਜਪਣਾ ਸ਼ੁਰੂ ਕੀਤਾ ਹੈ, ਇਕ ਖਿਨ ਵਿਚ ਹੀ ਮੇਰੇ ਕ੍ਰੋੜਾਂ ਹੀ ਅਪਰਾਧਾਂ ਦਾ ਨਾਸ ਹੋ ਗਿਆ ਹੈ, ਮੈਨੂੰ ਸਾਰੀਆਂ ਰਿੱਧੀਆਂ ਸਿੱਧੀਆਂ ਪ੍ਰਾਪਤ ਹੋ ਗਈਆਂ ਹਨ, ਮੇਰੇ ਸਾਰੇ ਕੰਮ ਸੰਵਰ ਗਏ ਹਨ, ਮੇਰੇ ਅੰਦਰੋਂ ਹਉਮੈ ਦਾ ਰੋਗ ਸਾਰਾ ਹੀ ਮਿਟ ਗਿਆ ਹੈ।1।

ਹੇ ਭਾਈ! ਗੁਰੂ ਨੇ (ਕਾਮਾਦਿਕ) ਪੰਜਾਂ ਨੂੰ ਮੇਰੇ ਦਾਸ ਬਣਾ ਦਿੱਤਾ ਹੈ, ਮੇਰੇ ਵੱਸ ਵਿਚ ਕਰ ਦਿੱਤਾ ਹੈ, (ਇਹਨਾਂ ਦੇ ਟਾਕਰੇ ਤੇ) ਮੇਰਾ ਮਨ ਅਹਿੱਲ ਹੋ ਗਿਆ ਹੈ ਨਿਡਰ ਹੋ ਗਿਆ ਹੈ। ਹੇ ਨਾਨਕ! (ਆਖ—ਗੁਰੂ ਦੀ ਕਿਰਪਾ ਨਾਲ ਮੇਰਾ ਮਨ) ਕਿਤੇ ਦੌੜ ਭੱਜ ਨਹੀਂ ਕਰਦਾ, ਕਿਤੇ ਨਹੀਂ ਡੋਲਦਾ (ਇਸ ਨੂੰ, ਮਾਨੋ) ਸਦਾ ਕਾਇਮ ਰਹਿਣ ਵਾਲਾ ਰਾਜ ਮਿਲ ਗਿਆ ਹੈ।2। 24। 47।